**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4229 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਮੋਹਣ ਸਿੰਘ, ਸਹਾਇਕ ਪ੍ਰੋਫੈਸਰ (82890-24144) ਅਤੇ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2010 ਤੋਂ 20-04-2018 ਤੱਕ ਕਾਲਿਜ ਵੱਲੋਂ ਰਾਜ ਸਰਕਾਰ ਜਾਂ ਕੇਂਦਰੀ ਸਰਕਾਰ ਕੋਲੋ ਪ੍ਰਾਪਤ ਕੀਤੀਆਂ ਵਿੱਤੀ ਗਰਾਂਟਾਂ/ਸਬਸਿਡੀਜ਼/ਚੈਰਿਟੀਜ਼ ਅਤੇ ਇਨ੍ਹਾਂ ਦੀ ਅਲਾਟਮੈਂਟ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 05-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 10-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮਿਤੀ 09-04-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ਦੇ ਦਫ਼ਤਰ ਜਾ ਕੇ ਰਿਕਾਰਡ ਦੀ ਇੰਸਪੈਕਸ਼ਨ ਕਰਨ ਉਪਰੰਤ ਪ੍ਰਾਪਤ ਕੀਤੀ ਜਾਣ ਵਾਲੀ ਸੂਚਨਾ ਦੀ ਸ਼ਨਾਖਤ ਕਰਕੇ ਉੱਤਰਦਾਤਾ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਦੱਸਿਆ ਗਿਆ ਹੈ ਕਿ ਉਸ ਵੱਲੋਂ ਫੀਸ ਵਜੋਂ ਪੋਸਟਲ ਆਰਡਰ ਰਾਹੀਂ 100/-ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਇਸ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**4229 **ਆਫ਼** 2018

ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਮੋਹਣ ਸਿੰਘ, ਸਹਾਇਕ ਪ੍ਰੋਫੈਸਰ ਨੇ ਅਪੀਲਕਰਤਾ ਨੂੰ ਸੰਬੋਧਿਤ ਪੱਤਰ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਸ਼ਨਾਖਤ ਕੀਤੀ ਗਈ ਸੂਚਨਾ ਲਈ ਅਪੀਲਕਰਤਾ ਕੋਲੋਂ ਫੀਸ ਪ੍ਰਾਪਤ ਕਰਕੇ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਵੱਲੋਂ ਇਹ ਵੀ ਮੰਨਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਪੋਸਟਲ ਆਰਡਰ ਰਾਹੀਂ 100/-ਰੁਪਏ ਦੀ ਅਦਾਇਗੀ ਪਹਿਲਾਂ ਹੀ ਕੀਤੀ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸ਼ਨਾਖਤ ਕੀਤੀ ਗਈ ਸੂਚਨਾ ਲਈ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਫੀਸ ਬਾਰੇ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਅਪੀਲਕਰਤਾ ਵੱਲੋਂ ਬਣਦੀ ਫੀਸ ਜਮ੍ਹਾਂ ਕਰਾਉਣ ਉਪਰੰਤ ਉਸ ਵੱਲੋਂ ਸ਼ਨਾਖਤ ਕੀਤੀ ਗਈ ਸੂਚਨਾ ਉਸ ਨੂੰ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 10 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੋਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ।

**(ਰਜਿਸਟਰਡ)** ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-
ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ,
ਫੇਸ-6, ਐਸ.ਏ.ਐਸ. ਨਗਰ। ........ ਉੱਤਰਦਾਤਾ

**ਅਪੀਲ ਕੇਸ ਨੰ:2420 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।

2) 2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੇ ਆਪਣਾ ਲਿਖਤੀ ਬਿਆਨ, ਮਿਤੀ 10-04-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਚਾਰ ਕੇਸਾਂ (ਅਪੀਲ ਕੇਸ ਨੰ:2420, 2421, 2422 ਅਤੇ 2423 ਆਫ 2018) ਵਿੱਚ ਸੂਚਨਾ ਮੰਗੀ ਹੋਈ ਹੈ ਜਿਨ੍ਹਾਂ ਵਿੱਚੋਂ ਅਪੀਲ ਕੇਸ ਨੰ:2422 ਆਫ 2018 ਵਿੱਚ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਬਾਕੀ ਤਿੰਨ ਕੇਸਾਂ ਸਬੰਧੀ ਉਸ ਵੱਲੋਂ ਦੱਸਿਆ ਗਿਆ ਹੈ ਕਿ ਜ਼ੋ ਸੂਚਨਾ ਮੰਗੀ ਗਈ ਹੈ ਉਸ ਦਾ ਸਬੰਧ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ ਦੇ ਦਫ਼ਤਰ ਨਾਲ ਹੈ। ਉਨ੍ਹਾਂ ਦੇ ਦਫ਼ਤਰ ਵੱਲੋਂ ਜ਼ੋ ਰਿਕਾਰਡ ਉਨ੍ਹਾਂ (ਹਾਜ਼ਰ ਉੱਤਰਦਾਤਾ) ਦੇ ਦਫ਼ਤਰ ਨੂੰ ਸੌਂਪਿਆ ਗਿਆ ਹੈ ਉਸ ਵਿੱਚ ਬਾਕੀ ਤਿੰਨ ਕੇਸਾਂ ਦੇ ਸਬੰਧ ਵਿੱਚ ਕੋਈ ਸੂਚਨਾ ਨਹੀਂ ਮਿਲੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋ ਨਵਾਂ ਮਾਈਨਜ਼ ਅਤੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਜਿਆਲੋਜੀ ਵਿਭਾਗ ਸਥਾਪਤ ਹੋਣ ਉਪਰੰਤ ਮਿਤੀ 03-07-2018 ਤੋਂ ਚਾਰਜ ਸੰਭਾਲਿਆ ਗਿਆ ਹੈ। ਇਸ ਮਿਤੀ ਤੋਂ ਪਹਿਲਾਂ ਦੀ ਸਾਰੀ ਜ਼ਿੰਮੇਵਾਰੀ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਮੁਹਾਲੀ ਦੇ ਦਫ਼ਤਰ ਦੀ ਬਣਦੀ ਹੈ।ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਸ ਸਬੰਧੀ ਸਬੰਧਤ ਅਧਿਕਾਰੀ ਨੂੰ ਸੰਮਨ ਕੀਤਾ ਜਾਵੇ ਅਤੇ ਹਾਜ਼ਰ ਉੱਤਰਦਾਤਾ ਨੂੰ ਕੇਸ ਵਿੱਚੋਂ ਡਿਸਚਾਰਜ ਕੀਤਾ ਜਾਵੇ।

2. ਕਮਿਸ਼ਨ ਵੱਲੋਂ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਭੇਜੇ ਗਏ ਹੁਕਮ, ਮਿਤੀ 11-03-2019 ਅਣ-ਵੰਡੇ (Un-dilivered) ਵਾਪਸ ਆ ਗਏ ਹਨ ਜਿਨ੍ਹਾਂ ਤੇ ਡਾਕਖਾਨੇ ਵੱਲੋਂ ਇਹ ਕਥਨ ਦਰਜ ਕੀਤੇ ਗਏ ਹਨ ਕਿ ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕੀਤਾ ਗਿਆ ਹੈ ਜ਼ੋ ਕਿ ਬਿਲਕੁੱਲ ਵੀ ਉਚਿੱਤ ਨਹੀਂ ਹੈ। ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਗਈ ਹੈ। ਜੇਕਰ ਕਮਿਸ਼ਨ ਦੇ ਪੱਤਰ ਦਾ ਉਨ੍ਹਾਂ ਨਾਲ ਕੋਈ ਸਬੰਧ ਨਹੀਂ ਸੀ ਤਾਂ ਵੀ ਉਨ੍ਹਾਂ ਨੂੰ ਪੱਤਰ ਲੈਣ ਤੇ ਇੰਨਕਾਰ ਨਹੀਂ ਕਰਨਾ ਚਾਹੀਦਾ ਅਤੇ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨਾ ਚਾਹੀਦਾ ਸੀ। **ਪਰੰਤੂ ਸਬੰਧਤ ਅਧਿਕਾਰੀ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।**

3. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫ਼ਾ ਕਾਰਵਾਈ ਕੀਤੀ ਜਾਵੇਗੀ।

4. ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ ਪਰ ਲੋੜ ਪੈਣ ਤੋਂ ਉਨ੍ਹਾਂ ਮੁੜ ਬੁਲਾਇਆ ਜਾ ਸਕਦਾ ਹੈ।

ਉਕਤ ਦਰਸਾਈ ਗਈ ਸਥਿਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ।

**(ਰਜਿਸਟਰਡ)** ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-
ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ,
ਫੇਸ-6, ਐਸ.ਏ.ਐਸ. ਨਗਰ। ........ ਉੱਤਰਦਾਤਾ

**ਅਪੀਲ ਕੇਸ ਨੰ:2421 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) 2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੇ ਆਪਣਾ ਲਿਖਤੀ ਬਿਆਨ, ਮਿਤੀ 10-04-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਚਾਰ ਕੇਸਾਂ (ਅਪੀਲ ਕੇਸ ਨੰ:2420, 2421, 2422 ਅਤੇ 2423 ਆਫ 2018) ਵਿੱਚ ਸੂਚਨਾ ਮੰਗੀ ਹੋਈ ਹੈ ਜਿਨ੍ਹਾਂ ਵਿੱਚੋਂ ਅਪੀਲ ਕੇਸ ਨੰ:2422 ਆਫ 2018 ਵਿੱਚ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਬਾਕੀ ਤਿੰਨ ਕੇਸਾਂ ਸਬੰਧੀ ਉਸ ਵੱਲੋਂ ਦੱਸਿਆ ਗਿਆ ਹੈ ਕਿ ਜ਼ੋ ਸੂਚਨਾ ਮੰਗੀ ਗਈ ਹੈ ਉਸ ਦਾ ਸਬੰਧ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ ਦੇ ਦਫ਼ਤਰ ਨਾਲ ਹੈ। ਉਨ੍ਹਾਂ ਦੇ ਦਫ਼ਤਰ ਵੱਲੋਂ ਜ਼ੋ ਰਿਕਾਰਡ ਉਨ੍ਹਾਂ (ਹਾਜ਼ਰ ਉੱਤਰਦਾਤਾ) ਦੇ ਦਫ਼ਤਰ ਨੂੰ ਸੌਂਪਿਆ ਗਿਆ ਹੈ ਉਸ ਵਿੱਚ ਬਾਕੀ ਤਿੰਨ ਕੇਸਾਂ ਦੇ ਸਬੰਧ ਵਿੱਚ ਕੋਈ ਸੂਚਨਾ ਨਹੀਂ ਮਿਲੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋ ਨਵਾਂ ਮਾਈਨਜ਼ ਅਤੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਪੀਲ ਕੇਸ ਨੰ:2421 ਆਫ਼ 2018

ਜਿਆਲੋਜੀ ਵਿਭਾਗ ਸਥਾਪਤ ਹੋਣ ਉਪਰੰਤ ਮਿਤੀ 03-07-2018 ਤੋਂ ਚਾਰਜ ਸੰਭਾਲਿਆ ਗਿਆ ਹੈ। ਇਸ ਮਿਤੀ ਤੋਂ ਪਹਿਲਾਂ ਦੀ ਸਾਰੀ ਜ਼ਿੰਮੇਵਾਰੀ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਮੁਹਾਲੀ ਦੇ ਦਫ਼ਤਰ ਦੀ ਬਣਦੀ ਹੈ।ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਸ ਸਬੰਧੀ ਸਬੰਧਤ ਅਧਿਕਾਰੀ ਨੂੰ ਸੰਮਨ ਕੀਤਾ ਜਾਵੇ ਅਤੇ ਹਾਜ਼ਰ ਉੱਤਰਦਾਤਾ ਨੂੰ ਕੇਸ ਵਿੱਚੋਂ ਡਿਸਚਾਰਜ ਕੀਤਾ ਜਾਵੇ।

2. ਕਮਿਸ਼ਨ ਵੱਲੋਂ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਭੇਜੇ ਗਏ ਹੁਕਮ, ਮਿਤੀ 11-03-2019 ਅਣ-ਵੰਡੇ (Un-dilivered) ਵਾਪਸ ਆ ਗਏ ਹਨ ਜਿਨ੍ਹਾਂ ਤੇ ਡਾਕਖਾਨੇ ਵੱਲੋਂ ਇਹ ਕਥਨ ਦਰਜ ਕੀਤੇ ਗਏ ਹਨ ਕਿ ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕੀਤਾ ਗਿਆ ਹੈ ਜ਼ੋ ਕਿ ਬਿਲਕੁੱਲ ਵੀ ਉਚਿੱਤ ਨਹੀਂ ਹੈ। ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਗਈ ਹੈ। ਜੇਕਰ ਕਮਿਸ਼ਨ ਦੇ ਪੱਤਰ ਦਾ ਉਨ੍ਹਾਂ ਨਾਲ ਕੋਈ ਸਬੰਧ ਨਹੀਂ ਸੀ ਤਾਂ ਵੀ ਉਨ੍ਹਾਂ ਨੂੰ ਪੱਤਰ ਲੈਣ ਤੇ ਇੰਨਕਾਰ ਨਹੀਂ ਕਰਨਾ ਚਾਹੀਦਾ ਅਤੇ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨਾ ਚਾਹੀਦਾ ਸੀ। **ਪਰੰਤੂ ਸਬੰਧਤ ਅਧਿਕਾਰੀ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।**

3. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫ਼ਾ ਕਾਰਵਾਈ ਕੀਤੀ ਜਾਵੇਗੀ।

4. ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ ਪਰ ਲੋੜ ਪੈਣ ਤੋਂ ਉਨ੍ਹਾਂ ਮੁੜ ਬੁਲਾਇਆ ਜਾ ਸਕਦਾ ਹੈ।

ਉਕਤ ਦਰਸਾਈ ਗਈ ਸਥਿਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੋਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2422 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 13.2.2018 ਲੋਕ ਸੂਚਨਾ ਅਧਿਕਾਰੀ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 4 ਪੁਆਇੰਟਾਂ ਦੀ ਜਾਣਕਾਰੀ ਦੀ ਮੰਗ ਕੀਤੀ ਸੀ। ਸੂਚਨਾ ਨਾ ਮਿਲਣ ਤੇ ਮਿਤੀ 25.4.2018 ਨੂੰ ਅਪੀਲਕਰਤਾ ਨੇ ਪਹਿਲੀ ਐਪੀਲੈਟ ਅਥਾਰਟੀ ਪਾਸ ਅਪੀਲ ਪੇਸ਼ ਕੀਤੀ ।ਪਹਿਲੀ ਐਪੀਲੈਟ ਅਥਾਰਟੀ ਵਲੋ ਅਪੀਲਕਰਤਾ ਦੀ ਪ੍ਰਤੀਬੇਨਤੀ ਤੇ ਕੋਈ ਕਾਰਵਾਈ ਨਹੀ ਕੀਤੀ ਗਈ। ਇਸ ਉਪਰੰਤ ਨੂੰ ਅਪੀਲਕਰਤਾ ਮਿਤੀ 20.7.2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 27.8.2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17.9.2018 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:20-23, ਮਿਤੀ 08-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਮੰਨਿਆ ਹੈ ਕਿ ਸੂਚਨਾ ਮਿਲ ਗਈ ਹੈ ਅਤੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (79860-54105)
ਪੁੱਤਰ ਸ਼੍ਰੀ ਗੁਰਦੇਵ ਸਿੰਘ,
ਵਾਸੀ ਪਿੰਡ ਨਗਲਾ,
ਡਾਕਖਾਨਾ ਢਕੌਲੀ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ,
ਮਾਈਨਿੰਗ ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ, ਮਾਈਨਿੰਗ,
ਇੰਡਸਟ੍ਰੀਅਲ ਏਰੀਆ,
ਫੇਸ-6, ਮੁਹਾਲੀ।

**(ਰਜਿਸਟਰਡ)** ਸ਼੍ਰੀ ਐਚ.ਐਸ. ਪੰਨੂ,
ਪਹਿਲੀ ਅਪੀਲੀ ਅਥਾਰਟੀ-ਕਮ-
ਜਨਰਲ ਮੈਨੇਜਰ-ਕਮ-
ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ,
ਫੇਸ-6, ਐਸ.ਏ.ਐਸ. ਨਗਰ। ........ ਉੱਤਰਦਾਤਾ

**<u>ਅਪੀਲ ਕੇਸ ਨੰ:2423 ਆਫ਼ 2018</u>**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ (98151-63800)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਐਚ.ਬੀ.ਐਸ. ਬੇਦਵਾਨ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੇ ਆਪਣਾ ਲਿਖਤੀ ਬਿਆਨ, ਮਿਤੀ 10-04-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋ ਆਪਣੇ ਬਿਆਨ ਰਾਹੀਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਚਾਰ ਕੇਸਾਂ (ਅਪੀਲ ਕੇਸ ਨੰ:2420, 2421, 2422 ਅਤੇ 2423 ਆਫ 2018) ਵਿੱਚ ਸੂਚਨਾ ਮੰਗੀ ਹੋਈ ਹੈ ਜਿਨ੍ਹਾਂ ਵਿੱਚੋਂ ਅਪੀਲ ਕੇਸ ਨੰ:2422 ਆਫ 2018 ਵਿੱਚ ਸੂਚਨਾ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਬਾਕੀ ਤਿੰਨ ਕੇਸਾਂ ਸਬੰਧੀ ਉਸ ਵੱਲੋਂ ਦੱਸਿਆ ਗਿਆ ਹੈ ਕਿ ਜ਼ੋ ਸੂਚਨਾ ਮੰਗੀ ਗਈ ਹੈ ਉਸ ਦਾ ਸਬੰਧ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਇੰਡਸਟ੍ਰੀਅਲ ਏਰੀਆ, ਫੇਸ-6, ਮੁਹਾਲੀ ਦੇ ਦਫ਼ਤਰ ਨਾਲ ਹੈ। ਉਨ੍ਹਾਂ ਦੇ ਦਫ਼ਤਰ ਵੱਲੋਂ ਜ਼ੋ ਰਿਕਾਰਡ ਉਨ੍ਹਾਂ (ਹਾਜ਼ਰ ਉੱਤਰਦਾਤਾ) ਦੇ ਦਫ਼ਤਰ ਨੂੰ ਸੌਂਪਿਆ ਗਿਆ ਹੈ ਉਸ ਵਿੱਚ ਬਾਕੀ ਤਿੰਨ ਕੇਸਾਂ ਦੇ ਸਬੰਧ ਵਿੱਚ ਕੋਈ ਸੂਚਨਾ ਨਹੀਂ ਮਿਲੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋ ਨਵਾਂ ਮਾਈਨਜ਼ ਅਤੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਜਿਆਲੋਜੀ ਵਿਭਾਗ ਸਥਾਪਤ ਹੋਣ ਉਪਰੰਤ ਮਿਤੀ 03-07-2018 ਤੋਂ ਚਾਰਜ ਸੰਭਾਲਿਆ ਗਿਆ ਹੈ। ਇਸ ਮਿਤੀ ਤੋਂ ਪਹਿਲਾਂ ਦੀ ਸਾਰੀ ਜ਼ਿੰਮੇਵਾਰੀ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਮੁਹਾਲੀ ਦੇ ਦਫ਼ਤਰ ਦੀ ਬਣਦੀ ਹੈ।ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਸ ਸਬੰਧੀ ਸਬੰਧਤ ਅਧਿਕਾਰੀ ਨੂੰ ਸੰਮਨ ਕੀਤਾ ਜਾਵੇ ਅਤੇ ਹਾਜ਼ਰ ਉੱਤਰਦਾਤਾ ਨੂੰ ਕੇਸ ਵਿੱਚੋਂ ਡਿਸਚਾਰਜ ਕੀਤਾ ਜਾਵੇ।

2. ਕਮਿਸ਼ਨ ਵੱਲੋਂ ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਭੇਜੇ ਗਏ ਹੁਕਮ, ਮਿਤੀ 11-03-2019 ਅਣ-ਵੰਡੇ (Un-dilivered) ਵਾਪਸ ਆ ਗਏ ਹਨ ਜਿਨ੍ਹਾਂ ਤੇ ਡਾਕਖਾਨੇ ਵੱਲੋਂ ਇਹ ਕਥਨ ਦਰਜ ਕੀਤੇ ਗਏ ਹਨ ਕਿ ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕੀਤਾ ਗਿਆ ਹੈ ਜੋ ਕਿ ਬਿਲਕੁੱਲ ਵੀ ਉਚਿੱਤ ਨਹੀਂ ਹੈ। ਸਬੰਧਤ ਦਫ਼ਤਰ ਵੱਲੋਂ ਪੱਤਰ ਲੈਣ ਤੋਂ ਇੰਨਕਾਰ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਗਈ ਹੈ। ਜੇਕਰ ਕਮਿਸ਼ਨ ਦੇ ਪੱਤਰ ਦਾ ਉਨ੍ਹਾਂ ਨਾਲ ਕੋਈ ਸਬੰਧ ਨਹੀਂ ਸੀ ਤਾਂ ਵੀ ਉਨ੍ਹਾਂ ਨੂੰ ਪੱਤਰ ਲੈਣ ਤੋ ਇੰਨਕਾਰ ਨਹੀਂ ਕਰਨਾ ਚਾਹੀਦਾ ਅਤੇ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨਾ ਚਾਹੀਦਾ ਸੀ। **ਪਰੰਤੂ ਸਬੰਧਤ ਅਧਿਕਾਰੀ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।**

3. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਐਚ.ਐਸ. ਪੰਨੂ, ਪਹਿਲੀ ਅਪੀਲੀ ਅਥਾਰਟੀ-ਕਮ-ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਐਸ.ਏ.ਐਸ. ਨਗਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫ਼ਾ ਕਾਰਵਾਈ ਕੀਤੀ ਜਾਵੇਗੀ।

4. ਸ਼੍ਰੀ ਦਲਜੀਤ ਸਿੰਘ ਟਾਂਗਰਾ, ਉਪ ਮੰਡਲ ਅਫਸਰ (97797-40948) ਦਫ਼ਤਰ ਜ਼ਿਲ੍ਹਾ ਮਾਈਨਿੰਗ ਅਫਸਰ, ਮੁਹਾਲੀ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ ਪਰ ਲੋੜ ਪੈਣ ਤੇ ਉਨ੍ਹਾਂ ਮੁੜ ਬੁਲਾਇਆ ਜਾ ਸਕਦਾ ਹੈ।

ਉਕਤ ਦਰਸਾਈ ਗਈ ਸਥਿਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, (94179-29931)
ਪੁੱਤਰ ਸ਼੍ਰੀਅਮਰ ਚੰਦ ਜੱਗਾ,
531/3, ਸ਼ਹੀਦ ਊਧਮ ਸਿੰਘ ਨਗਰ,
ਮਲੋਟ ਮੰਡੀ-152107,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1215 ਆਫ਼ 2018**

**ਹਾਜ਼ਰ:-**
1) ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ (85588-03232) ਅਤੇ ਸ਼੍ਰੀ ਗੁਰਪਿੰਦਰ ਸਿੰਘ, ਗਰਾਮ ਸੇਵਕ (85588-03230)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਕਮਿਸ਼ਨ ਦੇ ਹੁਕਮ, ਮਿਤੀ 12-03-2019 ਅਨੁਸਾਰ ਅਜੇ ਤੱਕ ਮੁਆਵਜ਼ੇ ਵਜੋਂ 3000/-ਰੁਪਏ ਦੀ ਰਾਸ਼ੀ ਹੀ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ ਨੇ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਨਕਦ ਅਦਾਇਗੀ ਕਰ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਨੂੰ 05 ਪਿੰਡਾਂ ਨਾਲ ਸਬੰਧਤ ਸੂਚਨਾ ਪਹਿਲਾਂ ਦਿੱਤੀ ਜਾ ਚੁੱਕੀ ਹੈ, 23 ਪਿੰਡਾਂ ਨਾਲ ਸਬੰਧਤ ਸੂਚਨਾ ਅੱਜ ਦੇ ਦਿੱਤੀ ਗਈ ਹੈ ਅਤੇ ਬਾਕੀ ਰਹਿੰਦੀ ਸੂਚਨਾ ਜਲਦੀ ਸ਼ਿਕਾਇਤਕਰਤਾ ਨੂੰ ਦੇ ਦਿੱਤੀ ਜਾਵੇਗੀ।

2. ਹਾਜ਼ਰ ਉੱਤਰਦਾਤਾ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ ਵੱਲੋਂ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਨਕਦ ਅਦਾਇਗੀ ਕਰ ਦਿੱਤੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਸਰਕਾਰੀ ਖਜ਼ਾਨੇ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ। ਇਸ ਤੋਂ ਇਲਾਵਾ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਬਾਕੀ ਰਹਿੰਦੀ ਸੂਚਨਾ ਵੀ ਜਲਦੀ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (9041004313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:3571 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ (90413-24168)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-06-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲਾਇਸੈਸ ਅਤੇ ਆਰ.ਸੀ. ਨਾਲ ਸਬੰਧਤ 7 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 09-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਨੇ ਪੱਤਰ ਨੰ:9955, ਮਿਤੀ 22-02-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਬਾਕੀ ਰਹਿੰਦੀ ਨੁਕਤਾ ਨੰ:3 ਬਾਰੇ ਸੂਚਨਾ ਵੀ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ।ਇਸ ਤਰ੍ਹਾਂ ਅਪੀਲਕਰਤਾ ਨੂੰ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਨੇ ਵੀ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖ਼ਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਮ ਨਿਵਾਸ, (85588-93351)
ਮਾਰਫ਼ਤ ਸ਼੍ਰੀ ਮੰਜੂ ਸਿੰਘ
ਵਾਸੀ ਮਕਾਨ ਨੰ:681,
ਸੈਕਟਰ-19, ਪੰਚਕੂਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ।

ਸ਼੍ਰੀ ਕੇ.ਡੀ. ਸਿੰਘ,
ਰਜਿਸਟਰਾਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1036 ਆਫ਼ 2018**

**ਹਾਜ਼ਰ:-** 1) ਸ਼੍ਰੀ ਰਾਮ ਨਿਵਾਸ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੇ.ਐਸ. ਰੱਤੂ, ਐਡਵੋਕੇਟ (98145-11529) ਅਤੇ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 22-11-2017, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਸੰਦੀਪ ਵੱਲੋਂ ਜਾਲ੍ਹੀ ਇੰਨਟਰਨਸ਼ਿਪ ਸਰਟੀਫਿਕੇਟ ਪੇਸ਼ ਕਰਨ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਜੇ.ਐਸ. ਰੱਤੂ, ਐਡਵੋਕੇਟ ਨੇ ਕਮਿਸ਼ਨ ਵੱਲੋਂ ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ, ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੈਡੀਕਲ ਸਿੱਖਿਆ ਭਵਨ, ਮੁਹਾਲੀ, ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਹਲਫੀਆ-ਬਿਆਨ, ਮਿਤੀ 10-04-2019 ਰਾਹੀਂ ਪੇਸ਼ ਕੀਤਾ ਗਿਆ ਹੈ। ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਆਪਣੇ ਜਵਾਬ ਰਾਹੀਂ ਆਪਣਾ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਬਿਨ੍ਹਾਂ ਸ਼ਰਤ ਮੁਆਫੀ ਮੰਗੀ ਗਈ ਹੈ ਅਤੇ ਭਰੋਸਾ ਦਿੱਤਾ ਹੈ ਕਿ ਭਵਿੱਖ ਵਿੱਚ ਅਜਿਹੀ ਅਣਗਹਿਲੀ ਨਹੀਂ ਹੋਵੇਗੀ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਇਸ ਸਬੰਧੀ ਡੀਲਿੰਗ ਕਰਮਚਾਰੀ ਨੂੰ ਵੀ ਭਵਿੱਖ ਵਿੱਚ ਅਜਿਹੀ ਅਣਗਹਿਲੀ ਨਾ ਕਰਨ ਲਈ ਚਿਤਾਵਨੀ ਪੱਤਰ ਪਹਿਲਾਂ ਹੀ ਜਾਰੀ ਕੀਤਾ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਜਾ ਚੁੱਕਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਜਵਾਬ ਦੇ ਨਾਲ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਵੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ ਨੇ ਕਮਿਸ਼ਨ ਵੱਲੋਂ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਵਾਪਸ ਲੈਣ ਬੇਨਤੀ ਕੀਤੀ ਹੈ।

3. ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਦੇ ਹੁਕਮ, ਮਿਤੀ 12-03-2019 ਦੇ ਸਬੰਧ ਵਿੱਚ ਆਪਣਾ ਜ਼ੁਬਾਨੀ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਬਿਨ੍ਹਾਂ ਸ਼ਰਤ ਮੁਆਫੀ ਮੰਗੀ ਗਈ ਹੈ ਅਤੇ ਭਰੋਸਾ ਦਿੱਤਾ ਹੈ ਕਿ ਭਵਿੱਖ ਵਿੱਚ ਅਜਿਹੀ ਅਣਗਹਿਲੀ ਨਹੀਂ ਹੋਵੇਗੀ।

4. ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜੇ.ਐਸ. ਰੱਤੂ, ਐਡਵੋਕੇਟ ਵੱਲੋਂ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਸੂਚਨਾ ਦੀ ਕਾਪੀ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ। ਸ਼ਿਕਾਇਤਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ, ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੈਡੀਕਲ ਸਿੱਖਿਆ ਭਵਨ, ਮੁਹਾਲੀ, ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਦੇ ਹੁਕਮ, ਮਿਤੀ 22-01-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ। ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਨੂੰ ਭਵਿੱਖ ਵਿੱਚ ਸੁਚੇਤ ਰਹਿਣ ਦੀ ਹਦਾਇਤ ਕੀਤੀ ਜਾਂਦੀ ਹੈ।ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੈਡੀਕਲ ਸਿੱਖਿਆ ਭਵਨ, ਮੁਹਾਲੀ, ਵੱਲੋਂ ਹਾਜ਼ਰ ਨੁਮਾਇੰਦੇ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਅਤੇ ਸ਼ਿਕਾਇਤਕਰਤਾ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦੀਪ ਸਿੰਘ, (90238-62262)
ਮਕਾਨ ਨੰ:4626,
ਪ੍ਰੇਮ ਨਗਰ, ਮਾਛੀਵਾੜਾ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਸਨਮਤੀ, ਸਰਕਾਰੀ ਵਿਗਿਆਨ ਤੇ
ਖੋਜ ਕਾਲਿਜ ਜਗਰਾਓਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਸਿੱਖਿਆ(ਕਾਲਿਜਾਂ) ਪੰਜਾਬ ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:696 ਆਫ਼ 2019**

**ਹਾਜ਼ਰ:-** 1) ਸ਼੍ਰੀ ਹਰਦੀਪ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਨਿਰਮਲ ਸਿੰਘ, ਐਸੋਸੀਏਟ ਪ੍ਰੋਫੈਸਰ(98729-73134) ਅਤੇ ਸ਼੍ਰੀਮਤੀ ਆਸ਼ੂ, ਸੀਨੀਅਰ ਸਹਾਇਕ (98887-03358)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 24-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ,ਸਨਮਤੀ, ਸਰਕਾਰੀ ਵਿਗਿਆਨ ਤੇ ਖੋਜ ਕਾਲਿਜ ਜਗਰਾਓਂ,ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਦੇ ਵਿਭਾਗਾਂ ਦੀਆਂ ਲਾਇਬ੍ਰੇਰੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 13-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਿਰਮਲ ਸਿੰਘ, ਐਸੋਸੀਏਟ ਪ੍ਰੋਫੈਸਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਉਨ੍ਹਾਂ ਦੇ ਰਜਿਸਟਰਡ ਪੱਤਰ, ਮਿਤੀ 29-10-2018 ਰਾਹੀਂ ਸੂਚਨਾ ਭੇਜ਼ ਦਿੱਤੀ ਗਈ ਸੀ ਅਤੇ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਅੱਜ ਦਸਤੀ ਸੂਚਨਾ ਦਿੱਤੀ ਜਾ ਰਹੀ ਹੈ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਪਰੰਤੂ ਉਸ ਵੱਲੋਂ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

3. ਕਮਿਸ਼ਨ ਨੇਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੁਆਲਾ ਸਿੰਘ,
ਪੁੱਤਰ ਸ਼੍ਰੀ ਸੰਤੋਖ ਸਿੰਘ,
ਪਿੰਡ ਦਿਆਲਪੁਰਾ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:714 ਆਫ਼ 2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਮੋਹਣ ਸਿੰਘ, ਡਾਇਰੈਕਟਰ (94651-93768)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 10-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਗੁਰੂ ਨਾਨਕ ਸਿਮ੍ਰਤੀ ਹਾਲ ਬਿਲਡਿੰਗ, ਕੰਟੀਨ, ਮੋਟਰ ਸਾਈਕਲ-ਸਕੂਟਰ ਸਟੈਂਡ ਦੀ ਉਸਾਰੀ ਅਤੇ ਪ੍ਰਬੰਧਕੀ ਬਲਾਕ ਅਤੇ ਮੈਨੇਜਮੈਂਟ ਕਮੇਟੀ ਦਫ਼ਤਰ ਦੀ ਰੈਨੋਵੇਸ਼ਨ ਤੇ ਆਈ ਲਾਗਤ ਆਦਿ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 22-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਮੋਹਣ ਸਿੰਘ, ਡਾਇਰੈਕਟਰ ਨੇ ਕਿਹਾ ਹੈ ਕਿ ਸ਼੍ਰੀਮਤੀ ਪਰਮਜੀਤ ਕੌਰ ਨੇ ਬਤੌਰ ਪ੍ਰਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ, ਮਾਲਵਾ ਕਾਲਿਜ, ਬੋਂਦਲੀ, ਜ਼ਿਲ੍ਹਾ ਲੁਧਿਆਣਾ ਦਾ ਹੁਣੇ-ਹੁਣੇ ਆਫੀਸ਼ੀਏਟਿੰਗ ਚਾਰਜ ਲਿਆ ਹੈ। ਇਸ ਲਈ ਉਨ੍ਹਾਂ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲਾ, (80540-20388)
ਵਾਰਡ ਨੰ:16-ਬੀ /190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:724 ਆਫ਼ 2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਕੁਲਪ੍ਰੀਤ ਸਿੰਘ ਕਲਰਕ(90413-00470)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 27-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਪ੍ਰੇਮ ਕੁਮਾਰ ਰਤਨ ਵੱਲੋਂ ਪੇਸ਼ ਕੀਤੀ ਗਈ ਦਰਖਾਸਤ, ਮਿਤੀ 23-08-2018 ਜਿਸ ਰਾਹੀਂ ਉਸ ਵੱਲੋਂ ਸ/ਸ਼੍ਰੀਮਤੀ ਰਕਸ਼ਾ ਰਾਣੀ, ਅਨੀਤਾ ਰਾਣੀ ਅਤੇ ਪੂਜਾ ਰਾਣੀ ਵੱਲੋਂ ਕਰਵਾਈ ਗਈ ਗਲਤ ਰਜਿਸਟਰੀ ਵਿਰੁੱਧ ਸ਼ਿਕਾਇਤ ਕੀਤੀ ਗਈ ਸੀ, ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅਧਿਕਾਰਿਤ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਵੱਲੋਂ ਆਪਣੇ ਪੱਤਰ, ਮਿਤੀ 01-04-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ੍ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਪ੍ਰੀਤ ਸਿੰਘ ਕਲਰਕ ਨੇ ਪੱਤਰ ਨੰ:921, ਮਿਤੀ 09-04-2019 ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 17-10-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ੍ਨ ਨੇਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ੍ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:78/8,
ਪਾਰਕ ਰੋਡ, ਨਵੀਂ ਮੰਡੀ, ਧੂਰੀ,
ਜ਼ਿਲਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:726 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਕੁਲਪ੍ਰੀਤ ਸਿੰਘ ਕਲਰਕ(90413-00470)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 27-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 23-08-2018 ਜਿਸ ਰਾਹੀਂ ਉਸ ਵੱਲੋਂ ਸ/ਸ਼੍ਰੀਮਤੀ ਰਕਸ਼ਾ ਰਾਣੀ, ਅਨੀਤਾ ਰਾਣੀ ਅਤੇ ਪੂਜਾ ਰਾਣੀ ਵੱਲੋਂ ਕਰਵਾਈ ਗਈ ਗਲਤ ਰਜਿਸਟਰੀ ਵਿਰੁੱਧ ਸ਼ਿਕਾਇਤ ਕੀਤੀ ਗਈ ਸੀ, ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 01-04-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਪ੍ਰੀਤ ਸਿੰਘ ਕਲਰਕ ਨੇ ਪੱਤਰ ਨੰ:920, ਮਿਤੀ 09-04-2019 ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 26-11-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਨੇਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਗੋਪਾਲ ਸਿੰਗਲਾ, (80540-20388)
ਵਾਰਡ ਨੰ:16-ਬੀ /190,
ਸੰਗਰੂਰ ਰੋਡ, ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਮਾਨਸਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:727 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਓਮ ਪ੍ਰਕਾਸ਼ ਜਿੰਦਲ, ਨਾਇਬ ਤਹਿਸੀਲਦਾਰ, ਭਿੱਖੀ (98724-65465) ਅਤੇ ਸ਼੍ਰੀ ਲਾਲ ਸਿੰਘ, ਸੀਨੀਅਰ ਸਹਾਇਕ (98159-45224)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 20-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਅਜਿਹੀ ਜਾਇਦਾਦ ਜਿਵੇਂ ਮਕਾਨ, ਪਲਾਟ, ਦੁਕਾਨ, ਆਦਿ-ਆਦਿ ਜੋ ਕਿ ਲਾਲ ਲਕੀਰ ਅੰਦਰ ਆਉਂਦੀ ਹੈ, ਦਾ ਵਸੀਕਾ ਰਜਿਸਟਰਡ ਕਰਾਉਣ ਲਈ ਲੋੜੀਂਦੇ ਦਸਤਾਵੇਜਾਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 10-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅਧਿਕਾਰਿਤ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਵੱਲੋਂ ਆਪਣੇ ਪੱਤਰ, ਮਿਤੀ 01-04-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਓਮ ਪ੍ਰਕਾਸ਼ ਜਿੰਦਲ, ਨਾਇਬ ਤਹਿਸੀਲਦਾਰ ਭਿੱਖੀ ਨੇ ਪੱਤਰ ਨੰ:126-127/ਆਰ.ਟੀ.ਆਈ.,ਮਿਤੀ 10-10-2018 ਦੀ ਦਫ਼ਤਰੀ ਕਾਪੀ ਦੀ ਕਾਪੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:727 ਆਫ਼ 2019**

ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 10-10-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਲਾਲ ਲਕੀਰ ਅੰਦਰ ਆਉਂਦੀ ਜਾਇਦਾਦ ਜਿਵੇਂ ਮਕਾਨ, ਪਲਾਟ, ਦੁਕਾਨ, ਆਦਿ-ਆਦਿ ਦੀ ਰਜਿਸਟਰੀ ਨਹੀਂ ਕੀਤੀ ਜਾਂਦੀ ਪਰੰਤੂ ਅਦਾਲਤ ਦੇ ਹੁਕਮ/ਡਿਕਰੀਅ ਆਦਿ ਦੇ ਕੇਸਾਂ ਵਿੱਚ ਰਜਿਸਟਰੀ ਕਰ ਦਿੱਤੀ ਜਾਂਦੀ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਉਪਰੰਤ ਇਹ ਪਾਇਆ ਗਿਆ ਹੈ ਕਿ ਇਸ ਪੱਤਰ ਰਾਹੀਂ ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਮਾਨਸਾ ਨੇ ਅਪੀਲਕਰਤਾ ਦੀ ਦਰਖਾਸਤ ਜ਼ੋ ਡਿਪਟੀ ਕਮਿਸ਼ਨਰ, ਮਾਨਸਾ ਦੇ ਦਫ਼ਤਰ ਰਾਹੀਂ ਪ੍ਰਾਪਤ ਹੋਈ ਸੀ, ਦੇ ਹਵਾਲੇ ਵਿੱਚ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਸਬ ਰਜਿਸਟਰਾਰ ਵੱਲੋਂ ਰਜਿਸਟਰੇਸ਼ਨ ਕਰਨ ਸਮੇਂ ਮਾਲਕੀ ਸਬੰਧੀ ਦਸਤਾਵੇਜ਼/ਜਾਮਾਂਬੰਦੀ ਅਤੇ ਸ਼ਨਾਖਤ ਵਜੋਂ ਆਈ.ਡੀ. ਪਰੂਫ ਵਜੋਂ ਅਧਾਰ ਕਾਰਡ ਵੇਖਣ ਉਪਰੰਤ ਵਸੀਕਾ ਰਜਿਸਟਰਡ ਕੀਤਾ ਜਾਂਦਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਮਾਨਸਾ) ਵੱਲੋਂ ਅਪੀਲਕਰਤਾ ਨੂੰ ਭੇਜਿਆ ਗਿਆ ਉੱਤਰ ਗਲਤ ਹੈ ਕਿਉਂ ਕਿ ਇਹ ਸੂਚਨਾ ਆਮ ਜ਼ਮੀਨ ਦੀਆਂ ਰਜਿਸਟਰੀਆਂ ਕਰਨ ਨਾਲ ਸਬੰਧਤ ਹੈ ਜਦੋ ਕਿ ਅਪੀਲਕਰਤਾ ਵੱਲੋਂ ਅਜਿਹੀ ਜਾਇਦਾਦ ਜਿਵੇਂ ਮਕਾਨ, ਪਲਾਟ, ਦੁਕਾਨ, ਆਦਿ-ਆਦਿ ਜੋ ਕਿ ਲਾਲ ਲਕੀਰ ਅੰਦਰ ਆਉਂਦੀ ਹੈ ਅਤੇ ਜਿਸਦੀ ਕਾਬਜਕਾਰ ਪਾਸ ਪੁਰਾਣੀ ਕੋਈ ਰਜਿਸਟਰੀ ਉਪਲਬਧ ਨਹੀਂ ਹੁੰਦੀ, ਕਾਬਜਕਾਰ ਪਾਸ ਸਿਰਫ ਕਬਜ਼ਾ, ਪਾਣੀ, ਬਿਜਲੀ, ਸੀਵਰੇਜ ਦੇ ਬਿੱਲਾਂ ਦੀ ਅਦਾਇਗੀ ਦੀਆਂ ਰਸੀਦਾਂ ਅਤੇ ਪ੍ਰਾਪਰਟੀ ਟੈਕਸ ਭਰਨ ਦੀ ਰਸੀਦ ਮੌਕੇ ਤੇ ਜਾਇਦਾਦ ਦਾ ਨਕਸ਼ਾ ਹੁੰਦਾ ਹੈ, ਦਾ ਵਸੀਕਾ ਰਜਿਸਟਰ ਕਰਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਬਾਰੇ ਸੂਚਨਾ ਮੰਗੀ ਗਈ ਹੈ। ਇਸ ਤੱਥ ਨੂੰ ਹਾਜ਼ਰ ਉੱਤਰਦਾਤਾ ਵੱਲੋਂ ਵੀ ਮੰਨਿਆ ਗਿਆ ਹੈ।

5. ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਵਿਸਥਾਰ-ਪੂਰਵਕ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 10 ਅਪ੍ਰੈਲ, 2019.